# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

## 13:10

**ਮਿਤੀ : 30-09-2026**

ਸੁਪਰੀਮ ਕੋਰਟ ਨੇ ਨਿੱਜੀ ਹਸਪਤਾਲਾਂ ਵੱਲੋਂ ਕੈਂਸਰ ਦਵਾਈਆਂ 'ਤੇ ਵਸੂਲੇ ਜਾ ਰਹੇ ਬੇਹਦ ਜ਼ਿਆਦਾ ਮੁਨਾਫ਼ੇ 'ਤੇ ਚਿੰਤਾ ਪ੍ਰਗਟ ਕਰਦਿਆਂ ਇਸਨੂੰ "ਅਨਿਆ" ਦੱਸਿਆ ਏ ਅਤੇ ਸਾਰੀਆਂ ਦਵਾਈਆਂ 'ਤੇ ਇੱਕਸਾਰ 16 ਫੀਸਦੀ ਮਾਰਜਿਨ ਦੀ ਵਕਾਲਤ ਕੀਤੀ ਏ । ਜਸਟਿਸ ਵਿਕਰਮ ਨਾਥ ਅਤੇ ਸੰਦੀਪ ਮਹਿਤਾ ਦੀ ਬੈਂਚ ਨੇ ਕੇਂਦਰ ਸਰਕਾਰ ਨੂੰ ਉਨ੍ਹਾਂ ਇਲਜ਼ਾਮਾਂ ਦੀ ਜਾਂਚ ਕਰਨ ਲਈ ਕਿਹਾ ਏ ਕਿ ਕਾਰਪੋਰੇਟ ਹਸਪਤਾਲ, ਮਰੀਜ਼ਾਂ ਨੂੰ ਆਪਣੀਆਂ ਜਾਂ ਨਾਮਜ਼ਦ ਫਾਰਮੇਸੀਆਂ ਤੋਂ ਦਵਾਈਆਂ ਖਰੀਦਣ ਲਈ ਮਜਬੂਰ ਕਰਦੇ ਨੇ । ਬੈਂਚ ਨੇ ਕਿਹਾ ਕਿ ਇਸ ਤਰ੍ਹਾਂ ਦੇ ਤਰੀਕੇ ਮਰੀਜ਼ਾਂ ਅਤੇ ਟੈਕਸ ਦੇਣ ਵਾਲਿਆਂ 'ਤੇ ਬੋਝ ਪਾ ਸਕਦੇ ਨੇ, ਖਾਸ ਕਰਕੇ ਜਦੋਂ ਇਲਾਜ ਸਰਕਾਰੀ ਯੋਜਨਾਵਾਂ ਦੇ ਅਧੀਨ ਆਉਂਦਾ ਏ । ਅਦਾਲਤ ਦਵਾਈਆਂ ਦੀਆਂ ਕੀਮਤਾਂ ‘ਤੇ ਕੰਟ੍ਰੋਲ ਬਾਰੇ ਹੁਕਮ , 2013 ਦੇ ਤਹਿਤ ਦਵਾਈਆਂ ਦੀਆਂ ਕੀਮਤਾਂ, ਜੈਨਰਿਕ ਦਵਾਈਆਂ ਅਤੇ ਮੈਡੀਕਲ ਉਪਕਰਣਾਂ ਦੀ ਨੇਮ੍ਬ੍ਧੀ ਨਾਲ ਸੰਬੰਧਿਤ ਪਟੀਸ਼ਨਾਂ ਦੀ

ਸੁਣਵਾਈ ਕਰ ਰਹੀ ਸੀ। ਅਦਾਲਤ ਨੇ ਕਿਹਾ ਕਿ ਇਸ ਮੁੱਦੇ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾਵੇਗੀ। ਮਾਮਲੇ ਦੀ ਅਗਲੀ ਸੁਣਵਾਈ 12 ਅਕਤੂਬਰ ਨੂੰ ਹੋਵੇਗੀ।

----------------------------------------------------------------

ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ "ਨਸ਼ਾ ਮੁਕਤ ਪੰਜਾਬ ਯਾਤਰਾ" ਅੱਜ ਜਲੰਧਰ ਵਿਖੇ ਖਤਮ ਹੋ ਰਹੀ ਏ। ਗ੍ਰਹਿ ਮੰਤਰੀ ਅਮਿਤ ਸ਼ਾਹ ਇਸ ਯਾਤਰਾ ਵਿੱਚ ਸ਼ਾਮਲ ਹੋਣਗੇ ਅਤੇ ਇਕੱਠ ਨੂੰ ਸਬੋਧਨ ਵੀ ਕਰਨਗੇ ।ਗ੍ਰਹਿ ਮੰਤਰੀ ਦੇ ਦੌਰੇ ਦੇ ਮੱਦੇਨਜ਼ਰ, ਅੱਜ ਜਲੰਧਰ ਵਿੱਚ “No Flying Zone” ਐਲਾਨਿਆ ਗਿਆ ਏ। BJP ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੇ 18 ਸਤੰਬਰ ਨੂੰ ਪਠਾਨਕੋਟ ਤੋਂ ਇਸ ਯਾਤਰਾ ਦੀ ਸ਼ੁਰੂਆਤ ਕੀਤੀ ਸੀ। ਇਹ ਮੌਜੂਦਾ ਸਮੇਂ ਵਿੱਚ ਪੰਜਾਬ ਨੂੰ ਦਰਪੇਸ਼ ਤਿੰਨ ਵੱਡੀਆਂ ਚੁਣੌਤੀਆਂ - ਵਧਦੀ ਨਸ਼ਾਖੋਰੀ, ਵਿਗੜਦੀ ਕਾਨੂੰਨ ਵਿਵਸਥਾ ਅਤੇ ਸ਼ਾਸਨ ਦੇ ਹਰ ਪੱਧਰ 'ਤੇ ਭ੍ਰਿਸ਼ਟਾਚਾਰ 'ਤੇ ਕੇਂਦ੍ਰਿਤ ਏ। 4 ਹਜ਼ਾਰ ਕਿਲੋਮੀਟਰ ਦਾ ਸਫ਼ਰ ਤੈਅ ਕਰਨ ਵਾਲੀ ਇਹ 13 ਦਿਨਾਂ ਦੀ ਯਾਤਰਾ, ਚਾਰ ਗੇੜਾਂ ਵਿੱਚ ਹੋ ਰਹੀ ਏ। ਪਹਿਲਾ ਗੇੜ ਪਠਾਨਕੋਟ ਤੋਂ ਸ਼ੁਰੂ ਹੋਇਆ, ਉਸ ਤੋਂ ਬਾਅਦ ਦੂਜੇ ਗੇੜ ਤਹਿਤ ਫ਼ਤਹਿਗੜ੍ਹ ਸਾਹਿਬ, ਤੀਜੇ ਗੇੜ ਤਹਿਤ ਫਾਜ਼ਿਲਕਾ ਅਤੇ ਚੌਥੇ ਗੇੜ ਤਹਿਤ ਬਠਿੰਡਾ ਤੋਂ ਇਸ ਯਾਤਰਾ ਨੂੰ ਰਵਾਨਾ ਕੀਤਾ ਗਿਆ।

ਇਹ ਯਾਤਰਾ ਨਸ਼ਿਆਂ ਖਿਲਾਫ ਲੜਾਈ ਨੂੰ ਇੱਕ ਲੋਕ ਲਹਿਰ ਵਿੱਚ ਬਦਲਣ ਲਈ, ਸੂਬੇ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਨੂੰ ਕਵਰ ਕਰਦਿਆਂ ਅੱਜ ਜਲੰਧਰ ਵਿਖੇ ਖਤਮ ਹੋ ਰਹੀ ਏ।

--------------------------------------------------------------

ਪੰਜਾਬ ਪੁਲਿਸ ਨੇ ਕੱਲ੍ਹ ਤੋਂ ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ ਵਿੱਚ ਦੋ ਵੱਖ-ਵੱਖ ਕਾਰਵਾਈਆਂ ਵਿੱਚ ਇੱਕ ਜੋੜੇ ਸਮੇਤ 8 ਵਿਅਕਤੀਆਂ ਨੂੰ ਅਤਿ-ਆਧੁਨਿਕ ਅਸਾਲਟ ਰਾਈਫਲਾਂ, ਪਿਸਤੌਲਾਂ, ਜ਼ਿੰਦਾ ਕਾਰਤੂਸ ਅਤੇ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਨੈੱਟਵਰਕ ਨੂੰ ਨਸ਼ਟ ਕਰਦੇ ਹੋਏ, ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਕੱਲ੍ਹ ਪਤੀ-ਪਤਨੀ ਅਤੇ ਉਸਦੇ ਭਰਾ ਸਮੇਤ ਤਿੰਨ ਮੈਂਬਰਾਂ ਦੇ ਇੱਕ ਪਰਿਵਾਰ ਨੂੰ ਇੱਕ AK-47 ਅਤੇ AK-56 ਅਸਾਲਟ ਰਾਈਫਲਾਂ ਕਾਰਤੂਸਾਂ ਅਤੇ 10 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ। ਅੰਮ੍ਰਿਤਸਰ ਦੇ ਬਾਰਡਰ ਰੇਂਜ ਦੇ ਪੁਲਿਸ ਇੰਸਪੈਕਟਰ ਜਨਰਲ ਗੁਰਪ੍ਰੀਤ ਭੁੱਲਰ ਨੇ ਖੁਲਾਸਾ ਕੀਤਾ ਕਿ ਉਹ ਭਾਰਤ-ਪਾਕਿਸਤਾਨ ਸਰਹੱਦੀ ਵਾੜ ਨੇੜੇ ਇੱਕ ਪਿੰਡ ਵਿੱਚ ਅਮਰੂਦ ਦਾ ਬਾਗ ਚਲਾ ਰਹੇ ਸਨ ਅਤੇ ਇਸਨੂੰ ਸਰਹੱਦ ਪਾਰੋਂ ਡਰੋਨ ਰਾਹੀਂ ਸੁੱਟੀਆਂ ਗਈਆਂ ਨਸ਼ੀਲੀਆਂ ਦਵਾਈਆਂ ਅਤੇ ਹਥਿਆਰਾਂ ਦੀ ਖੇਪ ਲਈ ਲੈਂਡਿੰਗ ਅਤੇ ਪ੍ਰਾਪਤੀ ਸਥਾਨ ਵਜੋਂ ਵਰਤ ਰਹੇ ਸਨ।

ਇਸੇ ਦੌਰਾਨ ਪੁਲਿਸ ਨੇ 5 ਮੁਲਜ਼ਮਾਂ ਨੂੰ 13 ਪਿਸਤੌਲਾਂ, 22 ਜ਼ਿੰਦਾ ਕਾਰਤੂਸ ਅਤੇ 3 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਸ੍ਰੀ ਭੁੱਲਰ ਨੇ ਕਿਹਾ ਕਿ ਸਾਰੇ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ੀ ਤਸਕਰਾਂ ਨਾਲ ਜੁੜੇ ਹੋਏ ਸਨ ਅਤੇ ਸੂਬੇ ਵਿੱਚ ਹੋਰ ਸਪਲਾਈ ਲਈ ਗੈਰ-ਕਾਨੂੰਨੀ ਹਥਿਆਰ ਅਤੇ ਨਸ਼ੀਲੇ ਪਦਾਰਥ ਪ੍ਰਾਪਤ ਕਰ ਰਹੇ ਸਨ।

--------------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਕੱਲ ਫਤਹਿਗੜ੍ਹ ਸਾਹਿਬ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਥਿਤ ਵੇਅਰ ਹਾਊਸ ਦੀ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਹਾਜ਼ਰੀ ’ਚ ਬਾਰੀਕੀ ਨਾਲ ਜਾਂਚ ਕੀਤੀ। ਮੁੱਖ ਚੋਣ ਅਧਿਕਾਰੀ ਨੇ ਵੇਅਰ ਹਾਊਸ ਅੰਦਰ ਈ.ਵੀ.ਐਮ, ਵੀ.ਵੀ.ਪੈਟ, ਸਟਾਕ ਰਜਿਸਟਰ, ਸਕਿਊਰਟੀ ਰੂਮ, ਸੀਸੀਟੀਵੀ ਕੈਮਰਿਆਂ ਅਤੇ ਅੱਗ ਬੁਝਾਊ ਪ੍ਰਬੰਧਾਂ ਦਾ ਨਿਰੀਖਣ ਕੀਤਾ। ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਸਾਹਮਣੇ ਵੇਅਰ ਹਾਊਸ ਖੋਲ੍ਹਿਆ ਗਿਆ ਅਤੇ ਜਾਂਚ ਤੋਂ ਬਾਅਦ ਉਨ੍ਹਾਂ ਦੀ ਮੌਜੂਦਗੀ ’ਚ ਹੀ ਸੀਲ ਕਰ ਦਿੱਤਾ ਗਿਆ। ਉਨ੍ਹਾਂ ਚੋਣ ਮਸ਼ੀਨਰੀ ਦੇ ਰੱਖ-ਰਖਾਅ ਅਤੇ ਸਫ਼ਾਈ ’ਤੇ ਤਸੱਲੀ ਪ੍ਰਗਟਾਈ। ਮੁੱਖ ਚੋਣ ਅਧਿਕਾਰੀ ਨੇ ਜ਼ਿਲ੍ਹੇ ਦੇ ਸਮੂਹ ਬੀਐਲਓਜ਼ ਵੱਲੋਂ ਨਿਭਾਈ ਡਿਊਟੀ ਦੀ ਸ਼ਲਾਘਾ ਕੀਤੀ।

--------------------------------------------------------------------

ਮਰਦਮਸ਼ੁਮਾਰੀ-2027 ਦੇ ਦੂਜੇ ਗੇੜ ਆਬਾਦੀ ਗਣਨਾ ਸਬੰਧੀ ਜ਼ਿਲ੍ਹੇ ਵਿੱਚ ਫੀਲਡ ਟ੍ਰੇਨਰਾਂ ਨੂੰ ਤਿੰਨ-ਰੋਜ਼ਾ ਸਿਖ਼ਲਾਈ ਪ੍ਰੋਗਰਾਮ ਤਹਿਤ ਟ੍ਰੇਨਿੰਗ ਦਿੱਤੀ ਜਾ ਰਹੀ ਏ । ਜਲੰਧਰ ਸਥਿਤ ਲਾਇਲਪੁਰ ਖਾਲਸਾ ਕਾਲਜ ਵਿਖੇ ਦਿੱਤੀ ਜਾ ਰਹੀ ਸਿਖ਼ਲਾਈ ਦੌਰਾਨ 50 ਫੀਲਡ ਟ੍ਰੇਨਰਾਂ ਨੇ ਹਿੱਸਾ ਲਿਆ। ਸਿਖ਼ਲਾਈ ਪ੍ਰਾਪਤ ਕਰਨ ਮਗਰੋਂ ਇਹ ਫੀਲਡ ਟ੍ਰੇਨਰ ਜ਼ਿਲ੍ਹੇ ਵਿੱਚ ਤਾਇਨਾਤ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਸਿਖ਼ਲਾਈ ਦੇਣਗੇ। ਸਿਖ਼ਲਾਈ ਦਾ ਉਦੇਸ਼ ਫੀਲਡ ਟ੍ਰੇਨਰਾਂ ਨੂੰ ਮਰਦਮਸ਼ੁਮਾਰੀ ਦੀਆਂ ਪ੍ਰਕਿਰਿਆਵਾਂ, ਡਿਜੀਟਲ ਐਪਲੀਕੇਸ਼ਨਾਂ ਸਮੇਤ ਹੋਰ ਪਹਿਲੂਆਂ ਬਾਰੇ ਵਿਆਪਕ ਜਾਣਕਾਰੀ ਪ੍ਰਦਾਨ ਕਰਨਾ ਏ, ਤਾਂ ਜੋ ਉਹ ਉਨ੍ਹਾਂ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਿਖ਼ਲਾਈ ਦੇ ਸਕਣ, ਜੋ ਜ਼ਮੀਨੀ ਪੱਧਰ ’ਤੇ ਜਾ ਕੇ ਕੰਮ ਕਰਨਗੇ। ਮਰਦਮਸ਼ੁਮਾਰੀ 2027, ਪਹਿਲੀ ਦਸੰਬਰ  ਤੋਂ ਅਗਲੇ ਸਾਲ 4 ਜਨਵਰੀ ਤੱਕ ਕਰਵਾਈ ਜਾਵੇਗੀ, ਜਿਸ ਤੋਂ ਬਾਅਦ 5 ਜਨਵਰੀ ਤੋਂ 9 ਜਨਵਰੀ ਤੱਕ ਰਵੀਜ਼ਨਲ ਰਾਊਂਡ ਹੋਵੇਗਾ। ਓਧਰ ਪਠਾਨਕੋਟ 'ਚ ਵੀ ਐਸ.ਡੀ.ਐਮ ਮਨਦੀਪ ਸਿੰਘ ਮਾਨ ਨੇ ਜ਼ਿਲ੍ਹੇ ਵਿੱਚ ਆਬਾਦੀ ਗਣਨਾ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਦੀ ਵਿਸਥਾਰ ਚ ਸਮੀਖਿਆ ਕੀਤੀ ।

---------------------------------------------------------------

ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ ’ਤੇ 10 ਤੋਂ 29 ਸਤੰਬਰ ਤੱਕ 10 ਆਯੂਸ਼ ਮੈਡੀਕਲ ਕੈਂਪ ਲਾਏ ਗਏ, ਜਿਨ੍ਹਾਂ ਵਿੱਚੋਂ ਦਸਵਾਂ ਕੈਂਪ ਸ੍ਰੀ ਗੁਰੂ ਨਾਨਕ ਦੇਵ ਜੀ ਮੋਦੀ ਖਾਨਾ ਜ਼ੀਰਾ, ਫਿਰੋਜ਼ਪੁਰ ਵਿਖੇ ਲਗਾਇਆ ਗਿਆ। ਜ਼ਿਲ੍ਹਾ ਹੋਮਿਓਪੈਥੀ ਅਫਸਰ ਡਾਕਟਰ ਰੁਪਿੰਦਰ ਕੌਰ ਨੇ ਦੱਸਿਆ ਕਿ ਅੱਜ ਆਖ਼ਰੀ ਆਯੂਸ਼ ਮੈਡੀਕਲ ਕੈਂਪ ਵਿੱਚ 560 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਮੁਫ਼ਤ ਸ਼ੂਗਰ ਟੈਸਟ ਕੀਤੇ ਗਏ ਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਉਨ੍ਹਾਂ ਦੱਸਿਆ ਕਿ ਹੁਣ ਤੱਕ ਲਗਾਏ ਗਏ 10 ਕੈਂਪਾਂ ਵਿੱਚ ਕਰੀਬ 5317 ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਮੁਫ਼ਤ ਸ਼ੂਗਰ ਜਾਂਚ ਤੇ ਦਵਾਈਆਂ ਵੀ ਦਿੱਤੀਆਂ ਗਈਆਂ।

---

ਮਰਦਾਂ ਦੇ ਕ੍ਰਿਕੇਟ ਵਿਚ ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਤਿੰਨ ਦਿਨਾਂ ਲੜੀ ਦਾ ਦੂਜਾ ਮੈਚ ਅੱਜ ਗੁਹਾਟੀ ਦੇ ਬਾਰ-ਸਾਪਾਰਾ ਕ੍ਰਿਕੇਟ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਮੈਚ ਦੁਪਹਿਰ ਬਾਅਦ 2 ਵਜੇ ਸ਼ੁਰੂ ਹੋਵੇਗਾ। ਤਿਰੂਵਨੰਤਪੁਰਮ ਵਿੱਚ ਖੇਡੇ ਗਏ ਪਹਿਲੇ ਮੈਚ ਵਿੱਚ, ਭਾਰਤ ਨੇ ਵੈਸਟਇੰਡੀਜ਼ ਨੂੰ ਅੱਠ ਵਿਕਟਾਂ ਨਾਲ ਹਰਾਇਆ, ਜਿਸ ਵਿੱਚ ਵਿਰਾਟ ਕੋਹਲੀ ਅਤੇ ਸ਼ੁਭਮਨ ਗਿੱਲ ਨੇ ਸੈਂਕੜੇ ਲਾਏ. ਭਾਰਤ ਅੱਜ ਦੇ ਮੈਚ ਨੂੰ ਜਿੱਤ ਕੇ ਲੜੀ ਵਿੱਚ ਆਪਣੀ ਲੀਡ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰੇਗਾ।